# ਪ੍ਰਸ਼ਨ-ਪੱਤਰ ਦੀ ਰੂਪ-ਰੇਖਾ

## ਸ਼੍ਰੇਣੀ:ਦਸਵੀਂ

## ਪੰਜਾਬੀ (ਵਾਧੂ ਵਿਸ਼ਾ)

## ਪੇਪਰ: ਬੀ

## ਸੈਸ਼ਨ:2023-24

**ਸਮਾਂ:3 ਘੰਟੇ** **ਕੁੱਲ ਅੰਕ: 75**

**ਪਾਸ ਅੰਕ: 25**

**ਪੇਪਰ-ਸੈਟਰਾਂ ਲਈ ਵਿਸ਼ੇਸ਼ ਹਿਦਾਇਤਾਂ:**

ਪ੍ਰਸ਼ਨ-1 5 ਅੰਕ ਸੁੰਦਰ ਲਿਖਾਈ ਲਈ ਰਾਖਵੇਂ ਹੋਣਗੇ। 5

ਪ੍ਰਸ਼ਨ-2 ਇਹ ਪ੍ਰਸ਼ਨ ਵਸਤੂਨਿਸ਼ਠ ਕਿਸਮ (Objective Type) ਦਾ ਹੋਵੇਗਾ। (ਪ੍ਰਸ਼ਨ ਨੰ: 8,9,10,11,12,13,14 ਵਿੱਚੋਂ ਵਸਤੂਨਿਸ਼ਠ ਕਿਸਮ ਦੇ ਪ੍ਰਸ਼ਨ ਪੁੱਛੇ ਜਾਣਗੇ)। 10

ਪ੍ਰਸ਼ਨ-3 ਕੋਈ ਪੰਜ ਵਿਸ਼ੇ ਦੇ ਕੇ ਕਿਸੇ ਇੱਕ ਉੱਤੇ ਲਗ-ਪਗ 400 ਸ਼ਬਦਾਂ ਦਾ ਲੇਖ ਲਿਖਣ ਲਈ ਕਿਹਾ ਜਾਵੇਗਾ। 6 ਅੰਕ ਵਿਸ਼ਾ ਵਸਤੂ ਦੇ ਅਤੇ 4 ਅੰਕ ਪ੍ਰਗਟਾਅ, ਵਿਸ਼ਾ-ਵਸਤੂ ਦੀ ਤਰਤੀਬ, ਸਪਸ਼ਟਤਾ,ਸ਼ਬਦਾਵਲੀ,ਮੁਹਾਵਰੇ ਆਦਿ ਦੇ ਹਨ। 10

ਪ੍ਰਸ਼ਨ-4 ਕੋਈ ਦੋ ਵਿਸ਼ੇ ਦੇ ਕੇ ਕਿਸੇ ਇੱਕ 'ਤੇ ਪੱਤਰ/ਅਰਜ਼ੀ ਲਿਖਣ ਲਈ ਕਿਹਾ ਜਾਵੇਗਾ। ਅਰੰਭ ਦਾ 1 ਅੰਕ, ਮੱਧ ਦੇ 5 ਅੰਕ ਅਤੇ ਅੰਤ ਦਾ 1 ਅੰਕ ਹੈ। 1+5+1=7

ਪ੍ਰਸ਼ਨ-5 ਲਗ-ਪਗ 150 ਸ਼ਬਦਾਂ ਦਾ ਇੱਕ ਪੈਰਾ ਦੇ ਕੇ ਉਸ ਨੂੰ ਇੱਕ ਤਿਹਾਈ ਸ਼ਬਦਾਂ ਵਿੱਚ ਸੰਖੇਪ ਕਰਨ ਲਈ ਕਿਹਾ ਜਾਵੇਗਾ। ਇਸ ਦਾ ਇੱਕ ਸਿਰਲੇਖ ਵੀ ਲਿਖਣਾ ਹੋਵੇਗਾ। ਸੰਖੇਪ ਰਚਨਾ ਦੇ 5 ਅੰਕ ਅਤੇ ਸਿਰਲੇਖ ਦਾ 1 ਅੰਕ ਹੈ। 5+1=6

ਪ੍ਰਸ਼ਨ 6 ਨਿਸ਼ਚਿਤ ਪੁਸਤਕਾਂ ਤੋਂ ਬਾਹਰੋਂ ਲਗ-ਪਗ 150 ਸ਼ਬਦਾਂ ਦਾ ਇੱਕ ਪੈਰਾ ਦੇ ਕੇ ਉਸ ਦੇ ਵਿਸ਼ਾ- ਵਸਤੂ ਬਾਰੇ ਤਿੰਨ ਪ੍ਰਸ਼ਨ ਪੁੱਛੇ ਜਾਣਗੇ। 2+2+2=6

ਪ੍ਰਸ਼ਨ 7 ਅੱਠ ਮੁਹਾਵਰੇ ਦੇ ਕੇ ਕਿਸੇ ਪੰਜ ਨੂੰ ਵਾਕਾਂ ਵਿੱਚ ਇਸ ਤਰ੍ਹਾਂ ਵਰਤਣ ਲਈ ਕਿਹਾ ਜਾਵੇਗਾ ਕਿ ਅਰਥ ਸਪਸ਼ਟ ਹੋ ਜਾਣ। ਵੱਖਰੇ ਅਰਥ ਨਹੀਂ ਪੁੱਛੇ ਜਾਣਗੇ। 2+2+2+2+2=10

ਪ੍ਰਸ਼ਨ 8 ਇੱਕ ਅਜਿਹਾ ਪੈਰਾ ਜਾਂ ਕੁਝ ਵਾਕ ਦਿੱਤੇ ਜਾਣਗੇ, ਜਿਨ੍ਹਾਂ ਵਿੱਚ ਛੇ ਵਿਸਰਾਮ ਚਿੰਨ੍ਹ ਲੱਗ ਸਕਦੇ ਹੋਣ, ਢੁਕਵੇਂ ਵਿਸਰਾਮ ਚਿੰਨ੍ਹ ਲਾਉਣ ਲਈ ਕਿਹਾ ਜਾਵੇਗਾ। 3

ਪ੍ਰਸ਼ਨ-9 (ੳ) ਇਸ ਪ੍ਰਸ਼ਨ ਵਿੱਚ ਵਿਆਕਰਨ: ਪਰਿਭਾਸ਼ਾ,ਮੰਤਵ,ਅੰਗ; ਭਾਸ਼ਾ ਅਤੇ ਪੰਜਾਬੀ ਭਾਸ਼ਾ ਦੀਆਂ ਉਪ ਭਾਸ਼ਾਵਾਂ ਟਕਸਾਲੀ ਜਾਂ ਮਿਆਰੀ ਪੰਜਾਬੀ ਭਾਸ਼ਾ ਬਾਰੇ ਤਿੰਨ ਬਹੁਤ ਛੋਟੇ ਉੱਤਰਾਂ ਵਾਲੇ ਪ੍ਰਸ਼ਨ ਪੁੱਛੇ ਜਾਣਗੇ। 1+1+1=3

ਪ੍ਰਸ਼ਨ-9 (ਅ) ਧੁਨੀ ਅਤੇ ਪੰਜਾਬੀ ਧੁਨੀਆਂ:ਸਵਰ ਵਿਅੰਜਨ, ਨਾਸਕੀ ਸਵਰ,ਨਾਸਕੀ ਵਿਅੰਜਨ ਬਾਰੇ ਪ੍ਰਸ਼ਨ ਪੁੱਛਿਆ ਜਾਵੇਗਾ। 1

ਪ੍ਰਸ਼ਨ 10 ਲਿਪੀ ਅਤੇ ਗੁਰਮੁਖੀ ਲਿਪੀ: ਵਰਨ ਜਾਂ ਅੱਖਰ, ਮੁਕਤਾ, ਲਗਾਂ, ਬਿੰਦੀ,ਟਿੱਪੀ, ਅਧਕ ਦੀ ਵਰਤੋਂ ਬਾਰੇ ਬਹੁਤ ਛੋਟੇ ਉੱਤਰਾਂ ਵਾਲੇ ਦੋ ਪ੍ਰਸ਼ਨ ਪੁੱਛੇ ਜਾਣਗੇ। 1+1=2

ਪ੍ਰਸ਼ਨ 11 (ੳ) ਦੋ ਸ਼ਬਦ-ਭੇਦ ਦੇ ਕੇ ਕਿਸੇ ਇੱਕ ਦੀ ਪਰਿਭਾਸ਼ਾ ਅਤੇ ਉਦਾਹਰਨ ਪੁੱਛੀ ਜਾਵੇਗੀ। (ਨਾਂਵ, ਪੜਨਾਂਵ, ਵਿਸ਼ੇਸ਼ਣ, ਕਿਰਿਆ-ਵਿਸ਼ੇਸ਼ਣ ਦੀਆਂ ਪਰਿਭਾਸ਼ਾਵਾਂ)। 2

ਪ੍ਰਸ਼ਨ-11 (ਅ) ਨਾਂਵ, ਪੜਨਾਂਵ, ਵਿਸ਼ੇਸ਼ਣ, ਕਿਰਿਆ, ਕਿਰਿਆ- ਵਿਸ਼ੇਸ਼ਣ ਦੀਆਂ ਕਿਸਮਾਂ ਪੁੱਛੀਆਂ ਜਾਣਗੀਆਂ। 3

ਪ੍ਰਸ਼ਨ-12 ਕੋਈ ਇੱਕ ਵਾਕ ਦੇ ਕੇ ਉਸ ਵਿਚਲੇ ਨਾਂਵ, ਪੜਨਾਂਵ ਸ਼ਬਦਾਂ ਦੇ ਵਚਨ ਤੇ ਲਿੰਗ ਬਦਲ ਕੇ ਦੋ ਵੱਖਰੇ-ਵੱਖਰੇ ਵਾਕਾਂ ਵਿੱਚ ਮੁੜ ਲਿਖਣ ਲਈ ਕਿਹਾ ਜਾਵੇਗਾ। 2

ਪ੍ਰਸ਼ਨ-13 ਕੋਈ ਇੱਕ ਵਾਕ ਦੇ ਕੇ ਉਸ ਨੂੰ ਦੋ ਵੱਖ-ਵੱਖ ਕਾਲਾਂ ਵਿੱਚ ਬਦਲ ਕੇ ਮੁੜ ਲਿਖਣ ਲਈ ਕਿਹਾ ਜਾਵੇਗਾ। 2

ਪ੍ਰਸ਼ਨ-14 (ੳ) ਇੱਕ ਸ਼ਬਦ ਦੇ ਕੇ ਉਸ ਦੇ ਤਿੰਨ ਸਮਾਨਾਰਥਕ ਸ਼ਬਦ ਲਿਖਣ ਲਈ ਕਿਹਾ ਜਾਵੇਗਾ।

(ਅ) ਬਹੁਤੇ ਸ਼ਬਦਾਂ ਦੀ ਥਾਂ ਇੱਕ ਸ਼ਬਦ ਜਾਂ ਇੱਕ ਸ਼ਬਦ ਦੇ ਕੇ ਉਸ ਦਾ ਵਿਰੋਧੀ ਸ਼ਬਦ ਪੁੱਛਿਆ ਜਾਵੇਗਾ।

(ੲ) ਇੱਕ ਸ਼ਬਦ ਦੇ ਕੇ ਉਸ ਦਾ ਵਿਰੋਧੀ ਜਾਂ ਉਲਟ ਭਾਵੀ ਸ਼ਬਦ ਲਿਖਣ ਲਈ ਕਿਹਾ ਜਾਵੇਗਾ। 1+1+1=3